# Official Spokesperson's response to media queries on false allegations made by Pakistan's Foreign Minister

June 29, 2020

……………………………………………………………………………………………………..

# ਪਾਕਿਸਤਾਨ ਦੇ ਵਿਦੇਸ਼ ਮੰਤਰੀ ਵੱਲੋਂ ਲਾਏ ਗਏ ਝੂਠੇ ਇਲਜ਼ਾਮਾਂ ਬਾਰੇ ਮੀਡੀਆ ਦੇ ਸਵਾਲਾਂ ਦਾ ਸਰਕਾਰੀ ਬੁਲਾਰੇ ਵੱਲੋਂ ਜਵਾਬ

29 ਜੂਨ, 2020

ਪਾਕਿਸਤਾਨ ਦੇ ਵਿਦੇਸ਼ ਮੰਤਰੀ ਵੱਲੋਂ ਲਾਏ ਗਏ ਝੂਠੇ ਇਲਜ਼ਾਮਾਂ ਬਾਰੇ ਮੀਡੀਆ ਦੇ ਸਵਾਲਾਂ ਦਾ ਜਵਾਬ ਦਿੰਦੇ ਹੋਏ ਸਰਕਾਰੀ ਬੁਲਾਰੇ ਸ਼੍ਰੀ ਅਨੁਰਾਗ ਸ਼੍ਰੀਵਾਸਤਵ ਨੇ ਕਿਹਾ,

"ਕਰਾਚੀ 'ਤੇ ਹੋਏ ਅੱਤਵਾਦੀ ਹਮਲੇ ਬਾਰੇ ਪਾਕਿਸਤਾਨੀ ਵਿਦੇਸ਼ ਮੰਤਰੀ ਦੀਆਂ ਬੇਤੁਕੀਆਂ ਟਿੱਪਣੀਆਂ ਨੂੰ ਭਾਰਤ ਖਾਰਜ ਕਰਦਾ ਹੈ।

ਪਾਕਿਸਤਾਨ ਆਪਣੀਆਂ ਘਰੇਲੂ ਸਮੱਸਿਆਵਾਂ ਲਈ ਭਾਰਤ ਨੂੰ ਕਸੂਰਵਾਰ ਨਹੀਂ ਠਹਿਰਾ ਸਕਦਾ।

ਪਾਕਿਸਤਾਨ ਦੇ ਉਲਟ ਭਾਰਤ ਨੂੰ ਕਰਾਚੀ ਸਮੇਤ ਦੁਨੀਆ ਅੰਦਰ ਕਿਤੇ ਵੀ ਵਾਪਰੇ ਅੱਤਵਾਦ ਦੀ ਨਿਖੇਧੀ ਕਰਨ ਬਾਰੇ ਕੋਈ ਝਿਜਕ ਨਹੀਂ ਹੈ।

ਵਿਦੇਸ਼ ਮੰਤਰੀ ਕੁਰੈਸ਼ੀ ਨੂੰ ਇਸ ਗੱਲ ਉੱਤੇ ਅਤੇ ਆਪਣੇ ਪ੍ਰਧਾਨ ਮੰਤਰੀ ਵੱਲੋਂ ਕੌਮਾਂਤਰੀ ਅੱਤਵਾਦੀ ਨੂੰ 'ਸ਼ਹੀਦ' ਆਖੇ ਜਾਣ ਸਮੇਤ ਆਪਣੀ ਸਰਕਾਰ ਦੇ ਨਜ਼ਰੀਏ ਬਾਰੇ ਵਿਚਾਰ ਕਰਨਾ ਚਾਹੀਦਾ ਹੈ।

ਨਵੀਂ ਦਿੱਲੀ
29 ਜੂਨ, 2020

DISCLAIMER: This is an approximate translation. The original is available in English on MEA's website and may be referred to as the official press release.